ਆਸਾ ਮਹਲਾ ੧ ॥ ਮਨਸਾ ਮਨਹਿ ਸਮਾਇਲੇ ਭਉਜਲੁ ਸਚਿ ਤਰਣਾ ॥ ਆਦਿ ਜੁਗਾਦਿ ਦਇਆਲੁ ਤੂ ਠਾਕੁਰ ਤੇਰੀ ਸਰਣਾ ॥ ੧॥ ਤੂ ਦਾਤੌ ਹਮ ਜਾਚਿਕਾ ਹਰਿ ਦਰਸਨੁ ਦੀਜੈ ॥ ਗੁਰਮੁਖਿ ਨਾਮੁ ਧਿਆਈਐ ਮਨ ਮੰਦਰੁ ਭੀਜੈ ॥੧॥ ਰਹਾਉ ॥ ਕੂੜਾ ਲਾਲਚੁ ਛੋਡੀਐ ਤਉ ਸਾਚੁ ਪਛਾਣੈ ॥ ਗੁਰ ਕੈ ਸਬਦਿ ਸਮਾਈਐ ਪਰਮਾਰਥੁ ਜਾਣੈ ॥੨॥ ਇਹੁ ਮਨੁ ਰਾਜਾ ਲੋਭੀਆ ਲੁਭਤਉ ਲੋਭਾਈ ॥ ਗੁਰਮੁਖਿ ਲੋਭੁ ਨਿਵਾਰੀਐ ਹਰਿ ਸਿਉ ਬਨਿ ਆਈ ॥੩॥ ਕਲਰਿ ਖੇਤੀ ਬੀਜੀਐ ਕਿਉ ਲਾਹਾ ਪਾਵੈ ॥ ਮਨਮੁਖੁ ਸਚਿ ਨ ਭੀਜਈ ਕੂੜੁ ਕੂੜਿ ਗਡਾਵੈ ॥ ੪॥ ਲਾਲਚੁ ਛੋਡਹੁ ਅੰਧਿਹੋ ਲਾਲਚਿ ਦੁਖੁ ਭਾਰੀ ॥ ਸਾਚੌ ਸਾਹਿਬੁ ਮਨਿ ਵਸੈ ਹਉਮੈ ਬਿਖੁ ਮਾਰੀ ॥੫॥ ਦੁਬਿਧਾ ਛੋਡਿ ਕੁਵਾਟੜੀ ਮੂਸਹੁਗੇ ਭਾਈ ॥ ਅਹਿਨਿਸਿ ਨਾਮੁ ਸਲਾਹੀਐ ਸਤਿਗੁਰ ਸਰਣਾਈ ॥੬॥ ਮਨਮੁਖ ਪਥਰੁ ਸੈਲੁ ਹੈ ਧ੍ਰਿਗੁ ਜੀਵਣੁ ਫੀਕਾ ॥ ਜਲ ਮਹਿ ਕੇਤਾ ਰਾਖੀਐ ਅਭ ਅੰਤਰਿ ਸੂਕਾ ॥ ੭॥ ਹਰਿ ਕਾ ਨਾਮੁ ਨਿਧਾਨੁ ਹੈ ਪੂਰੈ ਗੁਰਿ ਦੀਆ ॥ ਨਾਨਕ ਨਾਮੁ ਨ ਵੀਸਰੈ ਮਥਿ ਅੰਮ੍ਰਿਤੁ ਪੀਆ ॥੮॥੧੫॥ {ਪੰਨਾ 419}

ਪਦਅਰਥ:- ਮਨਸਾ—ਮਨ ਦਾ ਫੁਰਨਾ, ਮਾਇਕ ਫੁਰਨਾ। ਮਨਹਿ—ਮਨਿ ਹੀ, ਮਨ ਵਿਚ ਹੀ। ਸਮਾਇਲੇ—ਲੀਨ ਕਰ ਦੇ। ਭਉਜਲੁ—ਸੰਸਾਰ-ਸਮੁੰਦਰ। ਸਚਿ—ਸਦਾ-ਥਿਰ ਪ੍ਰਭੂ ਵਿਚ (ਜੁੜ ਕੇ)। ਠਾਕੁਰ—ਹੇ ਠਾਕੁਰ!।1।

ਦਾਤੌ—ਦਾਤਾ। ਜਾਚਿਕ—ਮੰਗਤੇ। ਹਰਿ—ਹੇ ਹਰੀ! ਗੁਰਮੁਖਿ—ਗੁਰੂ ਦੀ ਸਰਨ ਪੈ ਕੇ।1। ਰਹਾਉ।

ਛੋਡੀਐ—ਛੱਡ ਦੇਣਾ ਚਾਹੀਦਾ ਹੈ। ਤਉ—ਤਦੋਂ। ਸਬਦਿ—ਸ਼ਬਦ ਦੀ ਰਾਹੀਂ। ਸਮਾਈਐ—ਲੀਨ ਹੋ ਸਕੀਦਾ ਹੈ। ਪਰਮਾਰਥੁ—ਪਰਮ ਅਰਥ, ਸਭ ਤੋਂ ਉੱਚਾ ਧਨ।2।

ਰਾਜਾ—ਬਲੀ। ਲੁਭਤਉ—ਲੋਭ ਵਿਚ ਫਸਿਆ ਹੋਇਆ। ਲੋਭਾਈ—ਲੋਭ ਕਰ ਰਿਹਾ ਹੈ। ਨਿਵਾਰੀਐ—ਦੂਰ ਕੀਤਾ ਜਾ ਸਕਦਾ ਹੈ।3।

ਕਲਰਿ—ਕੱਲਰ ਵਿਚ। ਲਾਹਾ—ਲਾਭ। ਸਚਿ—ਸਦਾ-ਥਿਰ ਪ੍ਰਭੂ ਵਿਚ। ਕੂੜਿ—ਕੂੜ ਵਿਚ। ਗਡਾਵੈ—ਰਲ ਜਾਂਦਾ ਹੈ।4।

ਅੰਧਿਹੋ—ਹੇ ਮਾਇਆ ਦੇ ਮੋਹ ਵਿਚ ਅੰਨ੍ਹੇ ਹੋਏ ਜੀਵੋ! ਲਾਲਚਿ—ਲਾਲਚ ਵਿਚ (ਫਸਿਆ)। ਮਨਿ—ਮਨ ਵਿਚ। ਬਿਖੁ—ਜ਼ਹਰ।5।

ਕੁਵਾਟੜੀ—ਭੈੜੀ ਵਾਟ, ਮਾੜਾ ਰਸਤਾ। ਮੂਸਹੁਗੇ—ਲੁੱਟੇ ਜਾਵੋਗੇ। ਅਹਿ—ਦਿਨ। ਨਿਸਿ—ਰਾਤ।6।

ਸੈਲੁ—ਚਟਾਨ। ਧ੍ਰਿਗੁ—ਫਿਟਕਾਰ-ਜੋਗ। ਫੀਕਾ—ਬੇ-ਰਸਾ। ਅਭ ਅੰਤਰਿ—ਅੰਦਰੋਂ।7।

ਨਿਧਾਨੁ—ਖ਼ਜ਼ਾਨਾ। ਗੁਰਿ—ਗੁਰੂ ਨੇ। ਮਥਿ—ਰਿੜਕ ਕੇ।8।

ਅਰਥ:- (ਹੇ ਭਾਈ! ਆਪਣੇ ਮਨ ਵਿਚੋਂ ਉਠਦਾ) ਮਾਇਕ ਫੁਰਨਾ ਮਨ ਵਿਚ ਹੀ ਲੀਨ ਕਰ ਦੇਹ (ਮਨ ਦੇ ਪਿੱਛੇ ਲੱਗਿਆਂ ਸੰਸਾਰ-ਸਮੁੰਦਰ ਤੋਂ ਪਾਰ ਨਹੀਂ ਲੰਘ ਸਕੀਦਾ)। ਸਦਾ-ਥਿਰ ਰਹਿਣ ਵਾਲੇ ਪਰਮਾਤਮਾ ਵਿਚ ਜੁੜਿਆਂ ਹੀ ਸੰਸਾਰ-ਸਮੁੰਦਰ ਤੋਂ ਪਾਰ ਲੰਘ ਸਕੀਦਾ ਹੈ। ਹੇ ਸ੍ਰਿਸ਼ਟੀ ਦੇ ਮੁੱਢ ਪ੍ਰਭੂ! ਹੇ ਜੁਗਾਂ ਤੋਂ ਭੀ ਪਹਿਲਾਂ ਦੇ ਪ੍ਰਭੂ! ਹੇ ਸਭ ਦੇ ਪਾਲਣ ਵਾਲੇ ਪ੍ਰਭੂ! ਤੂੰ ਸਭ ਜੀਵਾਂ ਉਤੇ ਦਇਆ ਕਰਨ ਵਾਲਾ ਹੈਂ। ਮੈਂ ਤੇਰੀ ਸਰਨ ਆਇਆ ਹਾਂ (ਮੈਨੂੰ ਮਨ ਦੀ ਪ੍ਰੇਰਨਾ ਤੋਂ ਬਚਾ)।1।

ਹੇ ਹਰੀ! ਤੂੰ ਸਭ ਜੀਵਾਂ ਨੂੰ ਦਾਤਾਂ ਦੇਣ ਵਾਲਾ ਹੈਂ, ਅਸੀਂ ਜੀਵ (ਤੇਰੇ ਦਰ ਦੇ) ਮੰਗਤੇ ਹਾਂ, (ਸਾਨੂੰ) ਦਰਸਨ ਦੇਹ। ਗੁਰੂ ਦੀ ਸਰਨ ਪਿਆਂ ਹੀ ਪਰਮਾਤਮਾ ਦਾ ਨਾਮ ਸਿਮਰਿਆ ਜਾ ਸਕਦਾ ਹੈ, (ਜੋ ਸਿਮਰਦਾ ਹੈ, ਉਸ ਦੇ) ਮਨ ਦਾ

ਮੰਦਰ (ਹਰਿ-ਨਾਮ ਨਾਲ) ਭਿੱਜ ਜਾਂਦਾ ਹੈ।1। ਰਹਾਉ।

(ਹੇ ਭਾਈ! ਮਾਇਆ ਦਾ) ਭੈੜਾ ਲਾਲਚ ਛੱਡ ਦੇਣਾ ਚਾਹੀਦਾ ਹੈ (ਮਨੁੱਖ ਜਦੋਂ ਲਾਲਚ ਛੱਡ ਦੇਂਦਾ ਹੈ) ਤਦੋਂ ਸਦਾ-ਥਿਰ ਪ੍ਰਭੂ ਨਾਲ ਸਾਂਝ ਪਾ ਲੈਂਦਾ ਹੈ। ਗੁਰੂ ਦੇ ਸ਼ਬਦ ਦੀ ਰਾਹੀਂ ਹੀ (ਪਰਮਾਤਮਾ ਦੇ ਨਾਮ ਵਿਚ) ਲੀਨ ਹੋ ਸਕੀਦਾ ਹੈ (ਜੇਹੜਾ ਲੀਨ ਹੁੰਦਾ ਹੈ) ਉਹ ਜੀਵਨ ਦੇ ਸਭ ਤੋਂ ਉੱਚੇ ਮਨੋਰਥ ਨੂੰ ਸਮਝ ਲੈਂਦਾ ਹੈ।2।

ਇਹ (ਮਾਇਆ ਦਾ) ਲੋਭੀ ਮਨ (ਸਰੀਰ-ਨਗਰ ਦਾ) ਰਾਜਾ (ਬਣ ਬੈਠਦਾ ਹੈ) ਲੋਭ ਵਿਚ ਫਸਿਆ ਹੋਇਆ (ਸਦਾ) ਮਾਇਆ ਦਾ ਲੋਭ ਕਰਦਾ ਰਹਿੰਦਾ ਹੈ। ਗੁਰੂ ਦੀ ਸਰਨ ਪੈ ਕੇ ਹੀ ਇਹ ਲੋਭ ਦੂਰ ਕੀਤਾ ਜਾ ਸਕਦਾ ਹੈ (ਜੇਹੜਾ ਮਨੁੱਖ ਲੋਭ ਦੂਰ ਕਰ ਲੈਂਦਾ ਹੈ, ਉਸ ਦੀ) ਪਰਮਾਤਮਾ ਨਾਲ ਪ੍ਰੀਤ ਬਣ ਜਾਂਦੀ ਹੈ।3।

ਜੇ ਕੱਲਰ ਵਿਚ ਖੇਤੀ ਬੀਜੀ ਜਾਏ, ਤਾਂ (ਬੀਜਣ ਵਾਲਾ) ਉਸ ਵਿਚੋਂ ਲਾਭ ਨਹੀਂ ਖੱਟ ਸਕਦਾ। ਆਪਣੇ ਮਨ ਦੇ ਪਿਛੇ ਤੁਰਨ ਵਾਲਾ ਮਨੁੱਖ ਸਦਾ-ਥਿਰ ਪ੍ਰਭੂ ਵਿਚ ਰਚ-ਮਿਚ ਨਹੀਂ ਸਕਦਾ। ਝੂਠ ਝੂਠ ਵਿਚ ਹੀ ਰਲਦਾ ਹੈ।4।

ਹੇ ਮਾਇਆ-ਮੋਹ ਵਿਚ ਅੰਨ੍ਹੇ ਹੋਏ ਜੀਵੋ! ਮਾਇਆ ਦਾ ਲਾਲਚ ਛੱਡ ਦੇਵਹੁ। ਲਾਲਚ ਵਿਚ (ਫਸਿਆਂ) ਭਾਰੀ ਦੁੱਖ ਸਹਿਣਾ ਪੈਂਦਾ ਹੈ। ਜਿਸ ਮਨੁੱਖ ਦੇ ਮਨ ਵਿਚ (ਲਾਲਚ ਦੇ ਥਾਂ) ਸਦਾ-ਥਿਰ ਮਾਲਕ ਵੱਸ ਪੈਂਦਾ ਹੈ, ਉਹ ਹਉਮੈ ਦੀ ਜ਼ਹਰ ਨੂੰ ਮਾਰ ਲੈਂਦਾ ਹੈ (ਉਸ ਹਉਮੈ ਨੂੰ ਮਾਰ ਮੁਕਾਂਦਾ ਹੈ ਜੋ ਆਤਮਕ ਮੌਤ ਦਾ ਕਾਰਨ ਬਣਦੀ ਹੈ)।5।

ਹੇ ਭਾਈ! ਦੁਬਿਧਾ ਛੱਡ ਦੇਵਹੁ। ਇਹ ਗ਼ਲਤ ਰਸਤਾ ਹੈ (ਇਸ ਰਸਤੇ ਪੈ ਕੇ) ਲੁੱਟੇ ਜਾਵੋਗੇ। (ਮਾਇਆ-ਮੋਹ ਦੇ ਰਸਤੇ ਦੇ ਥਾਂ) ਸਤਿਗੁਰੂ ਦੀ ਸਰਨ ਪੈ ਕੇ ਦਿਨ ਰਾਤ ਪਰਮਾਤਮਾ ਦੇ ਨਾਮ ਦੀ ਸਿਫ਼ਤਿ-ਸਾਲਾਹ ਕਰਨੀ ਚਾਹੀਦੀ ਹੈ।6।

ਮਨ ਦੇ ਮੁਰੀਦ ਮਨੁੱਖ (ਦਾ ਹਿਰਦਾ) ਪੱਥਰ ਹੈ ਚਟਾਨ ਹੈ (ਪੱਥਰ ਵਾਂਗ ਚਟਾਨ ਵਾਂਗ ਕੁਰਖ਼ਤ ਹੈ), ਉਸ ਦਾ ਜੀਵਨ ਬੇ-ਸੁਆਦ ਰਹਿੰਦਾ ਹੈ ਫਿਟਕਾਰ-ਜੋਗ ਹੈ। ਪੱਥਰ ਨੂੰ ਕਿਤਨਾ ਹੀ ਸਮਾ ਪਾਣੀ ਵਿਚ ਰੱਖਿਆ ਜਾਏ, ਤਾਂ ਵੀ ਉਹ ਅੰਦਰੋਂ ਸੁੱਕਾ ਹੀ ਰਹਿੰਦਾ ਹੈ (ਮਨਮੁਖ ਦਾ ਹਿਰਦਾ ਸਤਸੰਗ ਵਿਚ ਆ ਕੇ ਭੀ ਨਹੀਂ ਦ੍ਰਵਦਾ)।7।

ਪਰਮਾਤਮਾ ਦਾ ਨਾਮ (ਸਾਰੇ ਆਤਮਕ ਗੁਣਾਂ ਦਾ) ਖ਼ਜ਼ਾਨਾ ਹੈ, ਜਿਸ ਮਨੁੱਖ ਨੂੰ ਪੂਰੇ ਗੁਰੂ ਨੇ ਨਾਮ ਦੇ ਦਿੱਤਾ, ਉਹ ਹੇ ਨਾਨਕ! ਸਦਾ ਜਪ ਜਪ ਕੇ ਆਤਮਕ ਜੀਵਨ ਦੇਣ ਵਾਲਾ ਨਾਮ-ਰਸ ਪੀਂਦਾ ਹੈ, ਉਸ ਨੂੰ ਪਰਮਾਤਮਾ ਦਾ ਨਾਮ ਕਦੇ ਭੁੱਲਦਾ ਨਹੀਂ।8।15।